**Vigilance Bureau, Punjab**

## Vigilance nabs 15 officials, 4 private persons in 14 bribery cases during March

- 8 police personnel arrested red handed

Chandigarh, April 9: State Vigilance Bureau, during its ongoing crusade against corruption, has been able to nab 15 employees and 4 private persons red handed while accepting bribes in 14 different trap cases during the month of March, which includes 8 police personnel, 5 employees of revenue department and 2 from other departments.

Disclosing this, Chief Director-cum-ADGP vigilance bureau Punjab B.K. Uppal said the VB has put up its best efforts to eradicate corruption amongst public servants and others in every sphere during the period. In this direction, the vigilance officers have ensured that suspect did not escape judicial punishment in the various courts in the State, he added.

He said the Bureau has submitted challans pertaining to 11 vigilance cases in various special courts in the last month. Apart from this, one vigilance enquiry has also been registered to thoroughly probe the corruption case against public servants.

Giving more details, he informed that special court have decided one bribery cases filed and contested by the Bureau during the last month, in which Sarabjeet Singh, SDO, posted at PSPCL Bhogpur, Jalandhar was convicted and sentenced with 3 years imprisonment and fine of Rs. 20,000/- by the Special Judge, Jalandhar.

**ਵਿਜੀਲੈਂਸ ਬਿਊਰੋ ਪੰਜਾਬ**

**ਵਿਜੀਲੈਂਸ ਨੇ ਮਾਰਚ ਮਹੀਨੇ ਦੌਰਾਨ 15 ਮੁਲਾਜ਼ਮ ਅਤੇ 4 ਪ੍ਰਾਈਵੇਟ ਵਿਅਕਤੀ ਰਿਸ਼ਵਤ ਲੈਂਦੇ ਦਬੋਚੇ**

**ਰਿਸ਼ਵਤ ਦੇ ਕੇਸਾਂ ਵਿਚ 8 ਪੁਲਿਸ ਮੁਲਾਜਮਾਂ ਨੂੰ ਕੀਤਾ ਗ੍ਰਿਫਤਾਰ**

ਚੰਡੀਗੜ੍ਹ, 9 ਅਪਰੈਲ : ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਤਹਿਤ ਮਾਰਚ ਮਹੀਨੇ ਦੌਰਾਨ ਕੁੱਲ 14 ਛਾਪੇ ਮਾਰਕੇ 15 ਸਰਕਾਰੀ ਮੁਲਾਜ਼ਮਾਂ ਅਤੇ 4 ਪ੍ਰਾਈਵੇਟ ਵਿਅਕਤੀਆਂ ਨੂੰ ਵੱਖ-ਵੱਖ ਕੇਸਾਂ ਵਿਚ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਜਿਨ੍ਹਾਂ ਵਿਚ ਪੁਲਿਸ ਵਿਭਾਗ ਦੇ 8, ਮਾਲ ਵਿਭਾਗ ਦੇ 5 ਅਤੇ ਹੋਰਨਾਂ ਵੱਖ-ਵੱਖ ਵਿਭਾਗਾਂ ਦੇ 2 ਮੁਲਾਜਮ ਸ਼ਾਮਲ ਹਨ।

ਇਸ ਸਬੰਧੀ ਚੀਫ ਡਾਇਰੈਕਟਰ-ਕਮ-ਏ.ਡੀ.ਜੀ.ਪੀ ਵਿਜੀਲੈਂਸ ਬਿਓਰੋ ਪੰਜਾਬ ਬੀ.ਕੇ. ਉਪਲ ਨੇ ਕਿਹਾ ਕਿ ਇਸ ਦੌਰਾਨ ਬਿਓਰੋ ਨੇ ਜਨਤਕ ਸੇਵਾਵਾਂ ਅਤੇ ਹੋਰਨਾਂ ਖੇਤਰਾਂ ਵਿਚ ਭ੍ਰਿਸ਼ਟਾਚਾਰ ਨੂੰ ਰੋਕਣ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕੀਤੀ। ਇਸ ਦਿਸ਼ਾ ਵਿਚ ਵਿਜੀਲੈਂਸ ਦੇ ਪੜਤਾਲੀਆ ਅਧਿਕਾਰੀਆਂ ਨੇ ਰਾਜ ਦੀਆਂ ਵੱਖ-ਵੱਖ ਅਦਾਲਤਾਂ ਵਿੱਚ ਚਲਦੇ ਮੁਕੱਦਮਿਆਂ ਦੌਰਾਨ ਦੋਸੀਆਂ ਨੂੰ ਨਿਆਂਇਕ ਸਜ਼ਾਵਾਂ ਦਿਵਾਉਣ ਲਈ ਪੁਖਤਾ ਪੈਰਵੀ ਕੀਤੀ।

ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਦੌਰਾਨ ਬਿਓਰੋ ਵੱਲੋਂ ਭ੍ਰਿਸ਼ਟਾਚਾਰ ਸਬੰਧੀ ਕੇਸਾਂ ਦੇ 11 ਚਲਾਣ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਵਿਚ ਪੇਸ਼ ਕੀਤੇ ਗਏ। ਇਸੇ ਮਹੀਨੇ ਸਰਕਾਰੀ ਕਰਮਚਾਰੀਆਂ ਖਿਲਾਫ਼ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿਚ ਹੋਰ ਡੂੰਘਾਈ ਨਾਲ ਜਾਂਚ ਕਰਨ ਲਈ ਇਕ ਵਿਜੀਲੈਂਸ ਪੜਤਾਲ ਵੀ ਦਰਜ ਕੀਤੀ ਗਈ।

ਹੋਰ ਜਾਣਕਾਰੀ ਦਿੰਦਿਆਂ ਉਨਾਂ ਦੱਸਿਆ ਕਿ ਵਿਜੀਲੈਂਸ ਵਲੋ ਦਰਜ ਕੀਤੇ ਇਕ ਕੇਸ ਵਿਚ ਪਿਛਲੇ ਮਹੀਨੇ ਪੀ.ਐਸ.ਪੀ.ਐਲ ਭੋਗਪੁਰ, ਜਲੰਧਰ ਵਿਖੇ ਤਾਇਨਾਤ ਐਸ.ਡੀ.ਓ ਸਰਬਜੀਤ ਸਿੰਘ ਨੂੰ ਅਦਾਲਤ ਵਲੋਂ 3 ਸਾਲ ਦੀ ਕੈਦ ਅਤੇ 20,000 ਰੁਪਏ ਦਾ ਜੁਰਮਾਨੇ ਦੀ ਸਜ਼ਾ ਸੁਣਾਈ ਗਈ।